ਜੈਤਸਰੀ ਮਹਲਾ ੫ ॥ ਗੋਬਿੰਦ ਜੀਵਨ ਪ੍ਰਾਨ ਧਨ ਰੂਪ ॥ ਅਗਿਆਨ ਮੋਹ ਮਗਨ ਮਹਾ ਪ੍ਰਾਨੀ ਅੰਧਿਆਰੇ ਮਹਿ ਦੀਪ ॥੧॥ ਰਹਾਉ ॥ ਸਫਲ ਦਰਸਨੁ ਤੁਮਰਾ ਪ੍ਰਭ ਪ੍ਰੀਤਮ ਚਰਨ ਕਮਲ ਆਨੂਪ ॥ ਅਨਿਕ ਬਾਰ ਕਰਉ ਤਿਹ ਬੰਦਨ ਮਨਹਿ ਚਰ੍ਹਾਵਉ ਧੂਪ ॥੧॥ ਹਾਰਿ ਪਰਿਓ ਤੁਮ੍ਰੈ ਪ੍ਰਭ ਦੁਆਰੈ ਦ੍ਰਿੜ੍ਹੁ ਕਰਿ ਗਹੀ ਤੁਮ੍ਹਾਰੀ ਲੂਕ ॥ ਕਾਢਿ ਲੇਹੁ ਨਾਨਕ ਅਪੁਨੇ ਕਉ ਸੰਸਾਰ ਪਾਵਕ ਕੇ ਕੂਪ ॥੨॥੪॥੮॥ {ਪੰਨਾ 701}

ਪਦਅਰਥ:- ਗੋਬਿੰਦ—ਹੇ ਗੋਬਿੰਦ! ਜੀਵਨ—ਜ਼ਿੰਦਗੀ। ਰੂਪ—ਸੁਹਣੱਪ। ਅਗਿਆਨ—ਆਤਮਕ ਜੀਵਨ ਵਲੋਂ ਬੇ-ਸਮਝੀ। ਮਗਨ—ਡੁੱਬੇ ਹੋਏ, ਮਸਤ। ਦੀਪ—ਦੀਵਾ।1। ਰਹਾਉ।

ਸਫਲ—ਫਲ ਦੇਣ ਵਾਲਾ। ਪ੍ਰਭ—ਹੇ ਪ੍ਰਭੂ! ਆਨੂਪ—ਬੇ-ਮਿਸਾਲ, ਜਿਨ੍ਹਾਂ ਦੀ ਉਪਮਾ ਨਾਹ ਹੋ ਸਕੇ, ਜਿਨ੍ਹਾਂ ਵਰਗਾ ਹੋਰ ਕੋਈ ਨਹੀਂ। ਕਰਉ—ਕਰਉਂ, ਮੈਂ ਕਰਦਾ ਹਾਂ। ਤਿਹ—ਉਹਨਾਂ (ਚਰਨਾਂ) ਨੂੰ। ਮਨਹਿ—ਮਨ ਹੀ। ਚਰਾਵਉ—ਚਰਾਵਉਂ, ਮੈਂ ਚੜ੍ਹਾਂਦਾ ਹਾਂ, ਭੇਟਾ ਕਰਦਾ ਹਾਂ।1।

ਹਾਰਿ—ਥੱਕ ਕੇ। ਦੁਆਰੈ—ਦਰ ਤੇ। ਦ੍ਰਿੜੁ ਕਰਿ—ਪੱਕੀ ਕਰ ਕੇ। ਗਹੀ—ਫੜੀ। ਲੂਕ—ਖ਼ਤਰਿਆਂ ਤੋਂ ਬਚਣ ਵਾਸਤੇ ਲੁਕਵੀਂ ਥਾਂ, ਓਟ। ਪਾਵਕ—ਅੱਗ। ਕੂਪ—ਖੂਹ।2।

ਅਰਥ:- ਹੇ ਗੋਬਿੰਦ! ਤੂੰ ਅਸਾਂ ਜੀਵਾਂ ਦੀ ਜ਼ਿੰਦਗੀ ਹੈਂ, ਪ੍ਰਾਨ ਹੈਂ, ਧਨ ਹੈਂ, ਸੁਹਜ ਹੈਂ। ਜੀਵ ਆਤਮਕ ਜੀਵਨ ਵਲੋਂ ਬੇ-ਸਮਝੀ ਵਿਚ, ਮੋਹ ਵਿਚ ਬਹੁਤ ਡੁੱਬੇ ਰਹਿੰਦੇ ਹਨ, ਇਸ ਹਨੇਰੇ ਵਿਚ ਤੂੰ (ਜੀਵਾਂ ਲਈ) ਦੀਵਾ ਹੈਂ।1। ਰਹਾਉ।

ਹੇ ਪ੍ਰੀਤਮ ਪ੍ਰਭੂ! ਤੇਰਾ ਦਰਸ਼ਨ ਜੀਵਨ ਮਨੋਰਥ ਪੂਰਾ ਕਰਨ ਵਾਲਾ ਹੈ, ਤੇਰੇ ਸੋਹਣੇ ਚਰਨ ਬੇ-ਮਿਸਾਲ ਹਨ। ਮੈਂ (ਤੇਰੇ) ਇਹਨਾਂ ਚਰਨਾਂ ਉਤੇ ਅਨੇਕਾਂ ਵਾਰੀ ਨਮਸਕਾਰ ਕਰਦਾ ਹਾਂ, ਆਪਣਾ ਮਨ ਹੀ (ਤੇਰੇ ਚਰਨਾਂ ਅੱਗੇ) ਭੇਟਾ ਧਰਦਾ ਹਾਂ ਇਹੀ ਧੂਪ ਅਰਪਣ ਕਰਦਾ ਹਾਂ।1।

ਹੇ ਪ੍ਰਭੂ! (ਹੋਰ ਆਸਰਿਆਂ ਵਲੋਂ) ਥੱਕ ਕੇ ਮੈਂ ਤੇਰੇ ਦਰ ਤੇ ਆ ਡਿੱਗਾ ਹਾਂ। ਮੈਂ ਤੇਰੀ ਓਟ ਪੱਕੀ ਕਰ ਕੇ ਫੜ ਲਈ ਹੈ। ਹੇ ਪ੍ਰਭੂ! ਸੰਸਾਰ-ਅੱਗ ਦੇ ਖੂਹ ਵਿਚੋਂ ਆਪਣੇ ਦਾਸ ਨਾਨਕ ਨੂੰ ਕੱਢ ਲੈ।2।4।8।